# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 11-09-2025**

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ ਅੰਮ੍ਰਿਤਸਰ, ਲਖਨਊ, ਤਿਰੂਵਨੰਤਪੁਰਮ, ਤ੍ਰਿਚੀ, ਕਾਲੀਕਟ ਤੇ ਹਵਾਈ ਅੱਡਿਆਂ 'ਤੇ ਫਾਸਟ ਟਰੈਕ ਇਮੀਗ੍ਰੇਸ਼ਨ–ਟਰਸਟਿਡ ਟਰੈਵਲਰ ਪ੍ਰੋਗਰਾਮ ਦਾ ਉਦਘਾਟਨ ਕੀਤਾ। ਇਹ ਪ੍ਰੋਗਰਾਮ ਈ–ਗੇਟਾਂ ਜਾਂ ਆਟੋਮੇਟਿਡ ਬਾਰਡਰ ਗੇਟਾਂ 'ਤੇ ਕੰਮ ਕਰੇਗਾ, ਜਿਸ ਨਾਲ ਇਮੀਗ੍ਰੇਸ਼ਨ ਕਲੀਅਰੈਂਸ ਪ੍ਰਕਿਰਿਆ ਵਿਚ ਮਨੁੱਖੀ ਦਖਲਅੰਦਾਜ਼ੀ ਘੱਟ ਹੋਵੇਗੀ। ਇਸ ਮੌਕੇ ਸ਼੍ਰੀ ਸ਼ਾਹ ਨੇ ਕਿਹਾ ਕਿ ਫਾਸਟ ਟਰੈਕ ਇਮੀਗ੍ਰੇਸ਼ਨ ਪ੍ਰੋਗਰਾਮ ਰਾਸ਼ਟਰੀ ਸੁਰੱਖਿਆ ਨੂੰ ਵੀ ਉਤਸ਼ਾਹਤ ਕਰੇਗਾ। ਇਹ ਪ੍ਰੋਗਰਾਮ ਪਿਛਲੇ ਸਾਲ ਦਿੱਲੀ ਵਿਚ ਸ਼ੁਰੂ ਕੀਤਾ ਗਿਆ ਸੀ ਤੇ ਹੁਣ ਤੱਕ ਇਹ ਸਹੂਲਤ, ਦੇਸ਼ ਦੇ

13 ਹਵਾਈ ਅੱਡਿਆਂ 'ਤੇ ਸ਼ੁਰੂ ਕੀਤੀ ਜਾ ਚੁੱਕੀ ਏ। ਉਨ੍ਹਾਂ ਕਿਹਾ ਕਿ ਹੁਣ ਤੱਕ ਤਿੰਨ ਲੱਖ ਯਾਤਰੀ ਇਸ ਪੋਰਟਲ 'ਤੇ ਰਜਿਸਟਰ ਹੋ ਚੁੱਕੇ ਨੇ। ਸ਼੍ਰੀ ਸ਼ਾਹ ਨੇ ਕਿਹਾ ਕਿ ਪਿਛਲੇ ਗਿਆਰਾਂ ਸਾਲਾਂ ਵਿਚ ਅੰਤਰਰਾਸ਼ਟਰੀ ਆਵਾਜਾਈ ਵਿਚ ਚੋਖਾ ਵਾਧਾ ਹੋਇਆ ਏ।

---------------------------------------------------------

ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ। ਉਨ੍ਹਾਂ ਦਾ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ। ਕੌਂਸਲ ਨੇ ਅਸਿੱਧੇ ਟੈਕਸ ਪ੍ਰਣਾਲੀ ਨੂੰ 5 ਫੀਸਦੀ, 12, 18 ਅਤੇ 28 ਫੀਸਦੀ ਦੇ ਚਾਰ–ਪੱਧਰੀ ਢਾਂਚੇ ਤੋਂ ਸਰਲ ਬਣਾ ਕੇ 5 ਫੀਸਦੀ ਤੇ 18 ਫੀਸਦੀ ਦੇ ਦੋ–ਪੱਧਰੀ ਢਾਂਚੇ ਵਿਚ ਬਦਲ ਦਿੱਤਾ ਏ। ਆਮ ਲੋਕਾਂ ਨੇ ਇਨ੍ਹਾਂ ਸੁਧਾਰਾਂ ਦਾ ਸੁਆਗਤ ਕੀਤਾ ਏ।

BYTE

--------------------------------------------------------------ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀਆਂ ਹਦਾਇਤਾਂ ਤਹਿਤ ਮੁਕਤਸਰ ਸਾਹਿਬ ਦੇ ਪਿੰਡਾਂ ਵਿਚ ਔਰਤਾਂ ਲਈ ਕੱਲ੍ਹ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਲੋੜਵੰਦ ਔਰਤਾਂ ਦੇ ਹਰ ਕਿਸਮ ਦੇ ਸਰਟੀਫਿਕੇਟ, ਪੈਨਸ਼ਨ ਕਾਰਡ ਤੇ ਕਿਰਤ ਕਾਰਡ ਵੀ ਬਣਾਏ ਗਏ। ਕੈਂਪ ਦੌਰਾਨ ਕੈਬਨਿਟ ਮੰਤਰੀ ਨੇ ਖੁਦ ਡਾਕਟਰ ਹੋਣ ਨਾਤੇ ਔਰਤਾਂ ਦੀਆਂ ਅੱਖਾਂ ਦੀ ਜਾਂਚ ਕੀਤੀ। ਮੰਤਰੀ ਨੇ ਇਸ ਮੌਕੇ ਚੰਗੀ ਕਾਰਗੁਜਾਰੀ ਵਾਲੀਆਂ ਵਿਦਿਆਰਥਣਾਂ ਨੂੰ ਸਕੂਲ ਬੈਗਜ਼ ਤੇ ਔਰਤਾਂ ਨੂੰ ਸੈਨੇਟਰੀ ਪੈਡਜ਼ ਦੀ ਵੰਡ ਕੀਤੀ।

--------------------------------------------------------------

ਜਿਲ੍ਹਾ ਅੰਮ੍ਰਿਤਸਰ ਦੇ ਪਿੰਡ ਧਾਰੀਵਾਲ ਕਲੇਰ ਸਥਿਤ ਸੂਰ ਫਾਰਮ ਹਾਊਸ ਵਿਚ ਕੁਝ ਸੂਰਾਂ ਵਿਚ ਅਮਰੀਕਨ ਸਵਾਈਨ ਫੀਵਰ ਨਾਂ ਦੀ ਬਿਮਾਰੀ ਪਾਈ ਗਈ ਏ । ਸੂਰ ਪਾਲਕ ਸਰਬਜੀਤ ਸਿੰਘ ਨੇ ਦੱਸਿਆ ਏ ਕਿ ਕੁਝ

ਦਿਨ ਪਹਿਲਾਂ ਸੂਰਾਂ ਨੂੰ ਇਹ ਬਿਮਾਰੀ ਲੱਗੀ ਸੀ ਜਿਸ ਬਾਰੇ ਉਸ ਨੇ ਸਰਕਾਰੀ ਹਸਪਤਾਲ ਨੂੰ ਸੂਚਨਾ ਦਿੱਤੀ । ਸੂਰ ਪਾਲਕ ਨੇ ਦਸਿਆ ਕਿ ਹੁਣ ਤੱਕ ਉਸ ਦੇ 200 ਤੋਂ ਵੱਧ ਸੂਰਾਂ ਦੀ ਮੌਤ ਹੋ ਚੁੱਕੀ ਏ l

ਓਧਰ, ਪਸ਼ੂ ਪਾਲਣ ਵਿਭਾਗ ਦੇ ਸਹਾਇਕ ਡਾਇਰੈਕਟਰ ਰਵਿੰਦਰ ਸਿੰਘ ਕਾਂਗ ਨੇ ਇਸ ਬਾਰੇ ਦੱਸਿਆ।

BYTE

------------------------------------------------------------

ਐੱਨ.ਸੀ.ਸੀ. ਗਰੁੱਪ ਚੰਡੀਗੜ੍ਹ ਨੇ ਅੱਜ ਚੰਡੀਗੜ੍ਹ ਵਿਚ ਇਕ ਕਮਿਊਨਿਟੀ ਆਊਟਰੀਚ ਤੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ, ਜਿਸ ਦਾ ਮਕਸਦ ਲੋਕਾਂ ਵਿਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਏ। ਇਸ ਹਫ਼ਤੇ ਦੀ ਮੁਹਿੰਮ ਵਿਚ, ਸ਼ਹਿਰ ਦੇ ਕਾਲਜਾਂ ਤੇ ਸਕੂਲਾਂ ਦੇ ਐੱਨ.ਸੀ.ਸੀ. ਕੈਡਿਟ, ਰਿਹਾਇਸ਼ੀ ਇਲਾਕਿਆਂ ਦੇ ਨਾਲ–ਨਾਲ ਬਾਜ਼ਾਰਾਂ ਵਿਚ ਸਾਈਕਲ ਰੈਲੀਆਂ, ਵਾਕਾਥਨ ਤੋਂ ਇਲਾਵਾ ਨੁੱਕੜ ਨਾਟਕ ਖੇਡਣਗੇ। ਐੱਨ.ਸੀ.ਸੀ. ਕੈਡਿਟ ਨਸ਼ਿਆਂ ਦੀ ਦੁਰਵਰਤੋਂ ਦੀਆਂ ਗੰਭੀਰ

ਸਮੱਸਿਆਵਾਂ ਨੂੰ ਉਜਾਗਰ ਕਰਦੇ ਹੋਏ ਉਤਸ਼ਾਹ ਤੇ ਸਮਰਪਣ ਨਾਲ ਸਮਾਗਮਾਂ ਵਿਚ ਹਿੱਸਾ ਲੈ ਰਹੇ ਨੇ। ਐੱਨ.ਸੀ.ਸੀ. ਗਰੁੱਪ ਵੱਲੋਂ 12 ਸਤੰਬਰ ਨੂੰ ਕੇਂਦਰ ਸਰਕਾਰ ਦੇ ਸਮਾਜ ਭਲਾਈ ਮੰਤਰਾਲੇ ਤਹਿਤ ਇਸ ਮਸਲੇ 'ਤੇ ਉੱਤਰੀ ਭਾਰਤ ਵਿਚ ਕੰਮ ਕਰਨ ਵਾਲੀ ਗੈਰ-ਸਰਕਾਰੀ ਸੰਸਥਾ, ਗੁੰਜਨ ਆਰਗੇਨਾਈਜ਼ੇਸ਼ਨ ਫਾਰ ਕਮਿਊਨਿਟੀ ਡਿਵੈਲਪਮੈਂਟ ਦੇ ਸਹਿਯੋਗ ਨਾਲ ਇਕ ਦਿਨਾ "ਨਸ਼ੀਲੇ ਪਦਾਰਥਾਂ ਦੀ ਵਰਤੋਂ ਰੋਕਥਾਮ 'ਤੇ ਸਿਖਲਾਈ ਵਰਕਸ਼ਾਪ" ਲਗਾਈ ਜਾ ਰਹੀ ਏ। ਐੱਨ.ਸੀ.ਸੀ., ਗੁੰਜਨ ਆਰਗੇਨਾਈਜ਼ੇਸ਼ਨ ਅਤੇ ਸਮਾਜ ਭਲਾਈ ਵਿਭਾਗ ਦੇ ਮਾਹਰ ਵਰਕਸ਼ਾਪ ਦਾ ਸੰਚਾਲਨ ਕਰਨਗੇ।

--------------------------------------------------------